# ਕੀਰਤਨ ਸੋਹਿਲਾ

# Kirtan Sohila

ਸੋਹਿਲਾ ਰਾਗੁ ਗਉੜੀ ਦੀਪਕੀ ਮਹਲਾ ੧

ੴ ਸਤਿਗੁਰ ਪ੍ਰਸਾਦਿ ॥

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥

ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ ॥੧॥

Sikhkom.com

ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥
ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ ॥੧॥
ਰਹਾਉ ॥

ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ ॥
ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ ॥੨॥
ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ॥

Sikhkom.com

ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥
ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ ਪਵੰਨਿ ॥
ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ ॥੪॥੧॥

ਰਾਗੁ ਆਸਾ ਮਹਲਾ ੧ ॥
ਛਿਅ ਘਰ ਛਿਅ ਗੁਰ ਛਿਅ ਉਪਦੇਸ ॥
ਗੁਰੁ ਗੁਰੁ ਏਕੋ ਵੇਸ ਅਨੇਕ ॥੧॥

ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥

Sikhkom.com

ਸੋ ਘਰੁ ਰਾਖੁ ਵਡਾਈ ਤੋਇ ॥੧॥ ਰਹਾਉ ॥

ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ
ਮਾਹੁ ਹੋਆ ॥
ਸੂਰਜੁ ਏਕੋ ਰੁਤਿ ਅਨੇਕ ॥
ਨਾਨਕ ਕਰਤੇ ਕੇ ਕੇਤੇ ਵੇਸ ॥੨॥੨॥
ਰਾਗੁ ਧਨਾਸਰੀ ਮਹਲਾ ੧ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ
ਮੰਡਲ ਜਨਕ ਮੋਤੀ ॥

Sikhkom.com

ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥

ਕੈਸੀ ਆਰਤੀ ਹੋਇ ॥
ਭਵ ਖੰਡਨਾ ਤੇਰੀ ਆਰਤੀ ॥
ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥

ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤਦ਼ਹੀ ॥
ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥

Sikhkom.com

ਸਭ ਮਹਿ ਜੋਤਿ ਜੋਤਿ ਹੈ ਸੋਇ ॥
ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥
ਗੁਰ ਸਾਖੀ ਜੋਤਿ ਪਰਗਟੁ ਹੋਇ ॥
ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥

ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ
ਅਨਦਿਨਦ਼ ਮੋਹਿ ਆਹੀ ਪਿਆਸਾ ॥
ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ
ਤੇ ਤੇਰੈ ਨਾਇ ਵਾਸਾ ॥੪॥੩॥

Sikhkom.com

ਰਾਗੁ ਗਉੜੀ ਪੂਰਬੀ ਮਹਲਾ ੪ ॥

ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ
ਖੰਡਲ ਖੰਡਾ ਹੇ ॥
ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ
ਲਿਵ ਮੰਡਲ ਮੰਡਾ ਹੇ ॥੧॥

ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ ॥
ਕਰਿ ਡੰਡਉਤ ਪੁਨੁ ਵਡਾ ਹੇ ॥੧॥ ਰਹਾਉ ॥
ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ
ਅੰਤਰਿ ਹਉਮੈ ਕੰਡਾ ਹੇ ॥

Sikhkom.com

ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ
ਸਹਹਿ ਸਿਰਿ ਡੰਡਾ ਹੇ ॥੨॥

ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ
ਮਰਣ ਭਵ ਖੰਡਾ ਹੇ ॥
ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ
ਖੰਡ ਬ੍ਰਹਮੰਡਾ ਹੇ ॥੩॥
ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ
ਰਾਖੁ ਵਡ ਵਡਾ ਹੇ ॥
ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ
ਸੁਖੁ ਮੰਡਾ ਹੇ ॥੪॥੪॥

Sikhkom.com

ਰਾਗੁ ਗਉੜੀ ਪੂਰਬੀ ਮਹਲਾ ੫ ॥

ਕਰਉ ਬੇਨੰਤੀ ਸੁਣਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ ॥
ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ ॥੧॥
ਅਉਧ ਘਟੈ ਦਿਨਸੁ ਰੈਣਾਰੇ ॥
ਮਨ ਗੁਰ ਮਿਲਿ ਕਾਜ ਸਵਾਰੇ ॥੧॥ ਰਹਾਉ ॥

ਇਹੁ ਸੰਸਾਰੁ ਬਿਕਾਰੁ ਸੰਸੇ ਮਹਿ ਤਰਿਓ ਬ੍ਰਹਮ ਗਿਆਨੀ ॥
ਜਿਸਹਿ ਜਗਾਇ ਪੀਆਵੈ ਇਹੁ ਰਸੁ ਅਕਥ ਕਥਾ ਤਿਨਿ ਜਾਨੀ ॥੨॥

ਜਾ ਕਉ ਆਏ ਸੋਈ ਬਿਹਾਝਹੁ ਹਰਿ ਗੁਰ ਤੇ ਮਨਹਿ ਬਸੇਰਾ ॥
ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ ॥੩॥

Sikhkom.com

ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ
॥
ਨਾਨਕ ਦਾਸੁ ਇਹੈ ਸੁਖੁ ਮਾਗੈ ਮੋ ਕਉ ਕਰਿ
ਸੰਤਨ ਕੀ ਧੂਰੇ ॥੪॥੫॥

**ਵਾਹਿਗੁਰੂ ਜੀ ਕਾ ਖਾਲਸਾ**
**ਵਾਹਿਗੁਰੂ ਜੀ ਕੀ ਫਤਿਹ ॥**

Sikhkom.com